# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 21-10-2025**

ਅੱਜ ਪੁਲਿਸ ਯਾਦਗਾਰੀ ਦਿਵਸ ਏ। 1959 ਵਿਚ ਇਸੇ ਦਿਨ, ਲੱਦਾਖ ਦੇ ਹੌਟ ਸਪ੍ਰਿੰਗਸ ਵਿਚ ਭਾਰੀ ਹਥਿਆਰਾਂ ਨਾਲ ਲੈਸ ਚੀਨੀ ਫੌਜ ਵੱਲੋਂ ਘਾਤ ਲਾ ਕੇ ਕੀਤੇ ਗਏ ਹਮਲੇ ਵਿਚ 10 ਬਹਾਦਰ ਪੁਲਿਸ ਮੁਲਾਜ਼ਮਾਂ ਨੇ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ ਸਨ। ਉਦੋਂ ਤੋਂ, 21 ਅਕਤੂਬਰ ਨੂੰ ਹਰ ਸਾਲ ਪੁਲਿਸ ਯਾਦਗਾਰੀ ਦਿਵਸ ਵਜੋਂ ਮਨਾਇਆ ਜਾਂਦਾ ਏ । ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਅੱਜ ਪੁਲਿਸ ਯਾਦਗਾਰੀ ਦਿਵਸ ਦੇ ਮੌਕੇ 'ਤੇ ਪੁਲਿਸ ਮੁਲਾਜ਼ਮਾਂ ਦੀ ਮਿਸਾਲੀ ਹਿੰਮਤ ਅਤੇ ਸਰਬਉੱਚ ਕੁਰਬਾਨੀ ਨੂੰ ਸ਼ਰਧਾਂਜਲੀ ਭੇਟ ਕੀਤੀ। ਪੁਲਿਸ ਯਾਦਗਾਰੀ ਦਿਵਸ 'ਤੇ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਪੁਲਿਸ ਮੁਲਾਜ਼ਮਾਂ ਦੇ ਹੌਸਲੇ ਨੂੰ ਸਲਾਮ ਕੀਤਾ ਅਤੇ ਡਿਊਟੀ ਦੌਰਾਨ ਉਨ੍ਹਾਂ ਵੱਲੋਂ ਦਿੱਤੀ ਗਈ ਸਰਬਉੱਚ ਕੁਰਬਾਨੀ ਨੂੰ ਯਾਦ ਕੀਤਾ। ਏਧਰ, ਪੰਜਾਬ ਵਿਚ ਸੂਬਾ ਪੱਧਰੀ ਪੁਲਿਸ ਯਾਦਗਾਰੀ ਦਿਵਸ ਜਲੰਧਰ ਸਥਿਤ ਪੰਜਾਬ ਆਰਮਡ ਪੁਲਿਸ (ਪੀ.ਏ.ਪੀ.) ਵਿਚ ਮਨਾਇਆ ਗਿਆ।

ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਪੁਲਿਸ ਦੇ ਸ਼ਹੀਦਾਂ ਨੂੰ ਯਾਦ ਕਰ ਕੇ ਉਨ੍ਹਾਂ ਦੀ ਯਾਦਗਾਰ ਉੱਤੇ ਫੁਲ-ਮਾਲਾਵਾਂ ਭੇਟ ਕੀਤੀਆਂ। ਵੱਖ-ਵੱਖ ਜ਼ਿਲ੍ਹਿਆਂ ਵਿਚ ਵੀ ਪੁਲਿਸ ਅਧਿਕਾਰੀਆਂ ਨੇ ਸ਼ਹੀਦਾਂ ਦੀਆਂ ਯਾਦਗਾਰਾਂ ਉੱਤੇ ਫੁਲ-ਮਾਲਾਵਾਂ ਭੇਟ ਕੀਤੀਆਂ।

---------------------------------------------------------

ਅੱਜ ਪੁਲਿਸ ਯਾਦਗਾਰੀ ਦਿਵਸ-2025 ਮੌਕੇ ਸਰਹੱਦੀ ਸੁਰੱਖਿਆ ਬਲ (ਬੀ.ਐੱਸ.ਐੱਫ.) ਦੇ ਇੰਸਪੈਕਟਰ ਜਨਰਲ ਡਾ. ਅਤੁਲ ਫੁਲਜ਼ਲੇ ਨੇ ਬੀ.ਐੱਸ.ਐੱਫ. ਪੰਜਾਬ ਫਰੰਟੀਅਰ ਹੈੱਡਕੁਆਰਟਰ, ਜਲੰਧਰ ਵਿਚ ਸ਼ਹੀਦਾਂ ਦੀ ਯਾਦਗਾਰ 'ਤੇ ਡਿਊਟੀ ਦੌਰਾਨ ਸਰਬਉੱਚ ਕੁਰਬਾਨੀ ਦੇਣ ਵਾਲੇ ਬਹਾਦਰ ਜਵਾਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਫਰੰਟੀਅਰ ਹੈੱਡਕੁਆਰਟਰ ਦੇ ਸਾਰੇ ਅਧਿਕਾਰੀ ਤੇ ਜਵਾਨ ਮੌਜੂਦ ਸਨ।

---------------------------------------------------------

ਹਰਿਆਣਾ ਪੁਲਿਸ ਨੇ ਪੰਜਾਬ ਦੇ ਸਾਬਕਾ ਡੀ.ਜੀ.ਪੀ. ਮੁਹੰਮਦ ਮੁਸਤਫਾ, ਉਨ੍ਹਾਂ ਦੀ ਪਤਨੀ ਜਿਹੜੇ ਸਾਬਕਾ ਮੰਤਰੀ ਨੇ ਅਤੇ ਉਨ੍ਹਾਂ ਦੀ ਧੀ ਤੇ ਨੂੰਹ ਖਿਲਾਫ਼ ਡੀ.ਜੀ.ਪੀ. ਦੇ ਪੁੱਤਰ ਅਕੀਲ ਅਖ਼ਤਰ ਦੀ ਮੌਤ ਦੇ ਸਿਲਸਿਲੇ ਵਿਚ ਐੱਫ.ਆਈ.ਆਰ. ਦਰਜ ਕੀਤੀ ਏ । ਅਕੀਲ ਦੀ ਮੌਤ 16 ਅਕਤੂਬਰ ਦੀ ਰਾਤ ਨੂੰ ਪੰਚਕੂਲਾ ਵਿਚ ਹੋਈ ਸੀ। ਪੰਚਕੂਲਾ ਪੁਲਿਸ

ਦੇ ਡਿਪਟੀ ਕਮਿਸ਼ਨਰ, ਸ੍ਰਿਸ਼ਟੀ ਗੁਪਤਾ ਨੇ ਕਿਹਾ ਏ ਕਿ ਪੁਲਿਸ ਨੂੰ ਮਿਲੀ ਸ਼ਿਕਾਇਤ ਦੇ ਅਧਾਰ 'ਤੇ ਮ੍ਰਿਤਕ ਦੇ ਚਾਰ ਪਰਿਵਾਰਕ ਮੈਂਬਰਾਂ ਵਿਰੁੱਧ ਕਤਲ ਤੇ ਸਾਜ਼ਿਸ਼ ਦੀਆਂ ਧਾਰਾਵਾਂ ਤਹਿਤ ਐੱਫ.ਆਈ.ਆਰ. ਦਰਜ ਕੀਤੀ ਗਈ ਏ । ਵਧੇਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ -

byte

ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿਚ ਨਿਰਪੱਖ ਜਾਂਚ ਲਈ ACP ਰੈਂਕ ਦੇ ਅਧਿਕਾਰੀ ਦੀ ਅਗਵਾਈ ਤਹਿਤ ਵਿਸ਼ੇਸ਼ ਜਾਂਚ ਟੀਮ (SIT) ਦਾ ਗਠਨ ਕੀਤਾ ਏ ।

-----------------------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਅੱਜ ਅੰਮ੍ਰਿਤਸਰ ਵਿਚ ਦੋ ਅੱਤਵਾਦੀਆਂ ਨੂੰ ਇਕ ਰਾਕੇਟ ਸੰਚਾਲਿਤ ਗ੍ਰੇਨੇਡ (ਆਰ.ਪੀ.ਜੀ.) ਅਤੇ ਲਾਂਚਰ ਸਮੇਤ ਗ੍ਰਿਫ਼ਤਾਰ ਕੀਤਾ ਏ। ਪੁਲਿਸ ਸੂਤਰਾਂ ਮੁਤਾਬਕ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ ਕਿ ਦੋਵੇਂ ਮੁਲਜ਼ਮ ਮਹਿਕਦੀਪ ਸਿੰਘ ਅਤੇ ਆਦਿੱਤਿਆ, ਪਾਕਿਸਤਾਨ ਦੇ ਆਈ.ਐੱਸ.ਆਈ. ਆਪਰੇਟਰ ਦੇ ਸੰਪਰਕ ਵਿਚ ਸਨ, ਜਿਸ ਨੇ ਇਹ ਹਥਿਆਰ ਭੇਜੇ ਸਨ। ਦੋਵੇਂ ਜਣੇ ਇਕ ਹੋਰ ਮੁਲਜ਼ਮ ਦੇ ਸੰਪਰਕ ਵਿਚ ਵੀ ਸਨ, ਜਿਹੜਾ ਕਿ ਇਸ ਵੇਲੇ ਫਿਰੋਜ਼ਪੁਰ ਜੇਲ੍ਹ ਵਿਚ ਬੰਦ ਏ। ਪੁਲਿਸ ਸੂਤਰਾਂ ਨੇ ਕਿਹਾ ਕਿ ਆਰ.ਪੀ.ਜੀ. ਪੰਜਾਬ ਵਿਚ

ਨਿਸ਼ਾਨਾ ਬਣਾ ਕੇ ਕੀਤੇ ਜਾਣ ਵਾਲੇ ਅੱਤਵਾਦੀ ਹਮਲੇ ਲਈ ਤਿਆਰ ਕੀਤਾ ਗਿਆ ਸੀ। ਇਸ ਸਬੰਧ ਵਿਚ ਅਗਲੇਰੀ ਤਫ਼ਤੀਸ਼ ਜਾਰੀ ਏ।

---------------------------------------------------------------

ਪੰਜਾਬ ਸਮੇਤ ਅੱਜ ਦੇਸ਼ ਵਿਚ ਬੰਦੀਛੋੜ ਦਿਵਸ ਦੀਆਂ ਖੁਸ਼ੀਆਂ ਮਨਾਈਆਂ ਜਾ ਰਹੀਆਂ ਨੇ। ਇਸ ਦਿਨ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਗਵਾਲੀਅਰ ਦੇ ਕਿਲ੍ਹੇ ਤੋਂ 52 ਰਾਜਿਆਂ ਨੂੰ ਆਜਾਦ ਕਰਵਾ ਕੇ ਅੰਮ੍ਰਿਤਸਰ ਪਰਤੇ ਸਨ, ਇਸ ਕਰ ਕੇ ਇਹ ਦਿਨ ਬੰਦੀਛੋੜ ਦਿਵਸ ਵਜੋਂ ਜਾਣਿਆ ਜਾਂਦਾ ਏ। ਇਸ ਪਵਿੱਤਰ ਮੌਕੇ ਉੱਤੇ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਵਿਖੇ ਸਵੇਰ ਤੋਂ ਸੰਗਤ ਵੱਡੀ ਗਿਣਤੀ ਵਿਚ ਪੁੱਜ ਰਹੀ ਏ। ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸੰਗਤ ਨੂੰ ਬੰਦੀਛੋੜ ਦਿਵਸ ਦੀਆਂ ਵਧਾਈਆਂ ਦਿੱਤੀਆਂ ਨੇ। ਸ਼ਾਮ ਵੇਲੇ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਚ ਆਤਿਸ਼ਬਾਜੀ ਤੇ ਦੀਪਮਾਲਾ ਕੀਤੀ ਜਾਵੇਗੀ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਸਾਰਿਆਂ ਨੂੰ ਦਿਵਸ ਦੀਆਂ ਵਧਾਈਆਂ ਦਿੱਤੀਆਂ ਨੇ। ਇਕ ਸੋਸ਼ਲ ਮੀਡੀਆ ਪੋਸਟ ਵਿਚ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਇਹ ਦਿਹਾੜਾ, ਮਨੁੱਖਤਾ ਦੇ ਹੱਕ ਵਿਚ ਆਵਾਜ਼ ਬੁਲੰਦ ਕਰਨ ਦੀ ਪ੍ਰੇਰਨਾ ਦਿੰਦਾ ਏ।

---

ਫਰੀਦਕੋਟ ਦੀ ਜ਼ਿਲ੍ਹਾ ਮੈਜਿਸਟ੍ਰੇਟ  ਪੂਨਮਦੀਪ ਕੌਰ ਨੇ ਜ਼ਿਲ੍ਹੇ ਦੀ ਹਦੂਦ ਅੰਦਰ ਲਾਈਵ ਪ੍ਰੋਗਰਾਮਾਂ ਦੌਰਾਨ ਸ਼ਰਾਬ ਜਾਂ ਨਸ਼ਿਆਂ ਦੀ ਵਰਤੋਂ ਨੂੰ ਉਤਸ਼ਾਹਤ ਕਰਨ ਅਤੇ ਹਿੰਸਾ ਭੜਕਾਉਣ ਵਾਲੇ ਗੀਤ ਗਾਏ ਜਾਣ ਉੱਤੇ ਪਾਬੰਦੀ ਲਗਾ ਦਿੱਤੀ ਏ। ਇਸ ਦੇ ਨਾਲ ਹੀ ਜ਼ਿਲ੍ਹੇ ਵਿਚ 75 ਐੱਮ.ਜੀ ਤੋਂ ਉਪਰ ਫਾਰਮੂਲੇਸ਼ਨ ਵਾਲੇ ਪ੍ਰੀਗਾਬਾਲਿਨ ਕੈਪਸੂਲ ਅਤੇ ਗੋਲੀਆਂ ਵੇਚਣ ਉੱਤੇ ਮੁਕੰਮਲ ਪਾਬੰਦੀ ਲਗਾ ਦਿੱਤੀ ਗਈ ਏ।